# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-04-2024**

- ਕੈਨੇਡਾ ਵਿੱਚ ਉਥੋਂ ਦੇ ਪ੍ਰਧਾਨ ਮੰਤਰੀ ਦੀ ਮੌਜੂਦਗੀ ਵਿਚ ਇੱਕ ਸਮਾਗਮ ਦੌਰਾਨ ਲਗਾਏ ਗਏ ਖਾਲਿਸਤਾਨ ਦੇ ਨਾਅਰਿਆਂ ਦਾ, ਭਾਰਤ ਨੇ ਸਖ਼ਤ ਵਿਰੋਧ ਕੀਤਾ ਏ।

- ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਅਨੁਸਾਰ ਮੰਡੀਆਂ ਵਿੱਚ ਹੁਣ ਤੱਕ 95 ਲੱਖ 83 ਹਜ਼ਾਰ ਮੀਟਰਿਕ ਟਨ ਕਣਕ ਦੀ ਖਰੀਦ ਕਰਕੇ ਕਿਸਾਨਾਂ ਨੂੰ 100 ਫੀਸਦੀ ਭੁਗਤਾਨ ਕੀਤਾ ਜਾ ਚੁੱਕਾ ਏ।

- ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਵੱਲੋਂ ਬੀ ਐਲ ਓਜ਼ ਰਾਹੀਂ ਵੋਟਰਾਂ ਨੂੰ ਘਰ-ਘਰ ‘ਚੋਣ ਸੱਦਾ’ ਕਾਰਡ ਭੇਜੇ ਜਾਣਗੇ।

- ਪੰਜਾਬ ਸਕੂਲ ਸਿੱਖਿਆ ਬੋਰਡ ਨੇ, ਅੱਠਵੀਂ ਤੇ 12ਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਏ, ਬੋਰਡ ਦੀ ਵੈਬਸਾਈਟ ਤੇ ਨਤੀਜੇ ਭਲਕੇ ਦੇਖੇ ਜਾ ਸਕਣਗੇ।

---

ਕੈਨੇਡਾ ਵਿੱਚ ਕਲ ਇੱਕ ਸਮਾਗਮ ਦੌਰਾਨ, ਲਗਾਏ ਗਏ ਖਾਲਿਸਤਾਨ ਦੇ ਨਾਅਰਿਆਂ ਦਾ, ਭਾਰਤ ਨੇ ਸਖ਼ਤ ਵਿਰੋਧ ਕੀਤਾ ਏ। ਕੈਨੇਡਾ ਦੇ ਪ੍ਰਧਾਨ ਮੰਤਰੀ ਇਸ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਵਿਦੇਸ਼ ਮੰਤਰਾਲੇ ਨੇ ਇਸ ਸਬੰਧ ਵਿੱਚ, ਨਵੀਂ ਦਿੱਲੀ ਵਿੱਚ ਕੈਨੇਡਾ ਦੇ ਡਿਪਟੀ ਹਾਈ ਕਮਿਸ਼ਨਰ ਨੂੰ ਤਲਬ ਕੀਤਾ । ਮੰਤਰਾਲੇ ਨੇ ਕਿਹਾ ਕਿ ਭਾਰਤ ਨੇ ਸਮਾਗਮ ਵਿਚ, ਅਜਿਹੀਆਂ ਪਰੇਸ਼ਾਨ ਕਰਨ ਵਾਲੀਆਂ ਗਤੀਵਿਧੀਆਂ ਨੂੰ ਜਾਰੀ ਰੱਖਣ ਦੀ ਇਜਾਜ਼ਤ ਦੇਣ 'ਤੇ ਡੂੰਘੀ ਚਿੰਤਾ ਅਤੇ ਸਖ਼ਤ ਵਿਰੋਧ ਪ੍ਰਗਟਾਇਆ ਏ । ਮੰਤਰਾਲੇ ਅਨੁਸਾਰ ਇਹ, ਇੱਕ ਵਾਰ ਫਿਰ ਕੈਨੇਡਾ ਵਿੱਚ ਵੱਖਵਾਦ, ਕੱਟੜਪੰਥ ਅਤੇ ਹਿੰਸਾ ਨੂੰ ਉਤਸ਼ਾਹਿਤ ਕਰਦਾ ਏ । ਮੰਤਰਾਲੇ ਨੇ ਕਿਹਾ ਕਿ ਇਨ੍ਹਾਂ ਨਾਅਰਿਆਂ ਦਾ ਨਿਰੰਤਰ ਪ੍ਰਗਟਾਵਾ ਨਾ ਸਿਰਫ਼ ਭਾਰਤ - ਕੈਨੇਡਾ ਸਬੰਧਾਂ ਨੂੰ ਪ੍ਰਭਾਵਤ ਕਰਦਾ ਏ ਸਗੋਂ

ਕੈਨੇਡੀਅਨ ਨਾਗਰਿਕਾਂ ਦੇ ਨੁਕਸਾਨ ਲਈ ਹਿੰਸਾ ਅਤੇ ਅਪਰਾਧਿਕਤਾ ਦੇ ਮਾਹੌਲ ਨੂੰ ਵੀ ਉਤਸ਼ਾਹਿਤ ਕਰਦਾ ਏ।

---------------------------------------------------------------

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਕੈਬਨਿਟ ਮੰਤਰੀ, ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਚੋਣ ਲੜ ਰਹੇ ਸੰਗਰੂਰ ਤੋਂ ਬਾਹਰੀ ਉਮੀਦਵਾਰਾਂ ਉੱਤੇ ਤੰਜ ਕਸਦਿਆਂ ਕਿਹਾ ਏ, ਕਿ ਜਿਵੇਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਾਲ 2022 ਵਿੱਚ, ਸਾਡੇ ਉਮੀਦਵਾਰ ਲਾਭ ਸਿੰਘ ਉਗੋਕੇ ਤੋਂ ਹਾਰਨ ਤੋਂ ਬਾਅਦ, ਦੋ ਸਾਲ ਭਦੌੜ ਵਾਸੀਆਂ ਨੂੰ ਸ਼ਕਲ ਨਹੀ ਵਿਖਾਈ ਉਵੇਂ ਹੀ, ਦੋਆਬੇ ਤੋਂ ਆਏ ਕਾਂਗਰਸੀ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਚੋਣਾਂ ਤੋਂ ਬਾਅਦ ਮੁੜ ਸੰਗਰੂਰ ਨਹੀਂ ਆਉਣਗੇ । ਤਪਾ ਮੰਡੀ ਅਤੇ ਭਦੌੜ ਵਿਖੇ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਸੰਗਰੂਰ ਤੇ ਭਦੌੜ ਵਾਸੀ ਬਾਹਰੀ ਉਮੀਦਵਾਰਾਂ ਨੂੰ ਬਾਹਰ ਦਾ ਰਾਸਤਾ ਦਿਖਾਉਣਾ ਜਾਣਦੇ ਨੇ । ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਸਾਰੀਆਂ ਪਾਰਟੀਆਂ ਦੀ ਅਸਲੀਅਤ ਜਾਣ ਚੁੱਕੇ ਨੇ, ਜਿਸ ਕਾਰਨ ਹੁਣ ਉਹ

ਹਲਕੇ ਬਦਲ ਕੇ ਚੋਣ ਲੜ ਰਹੇ ਨੇ । ਪਾਰਟੀ ਦੀਆਂ ਅੱਜ ਦੀਆਂ ਮੀਟਿੰਗਾਂ ਵਿੱਚ ਪਾਰਟੀ ਅਹੁਦੇਦਾਰਾਂ ਤੇ ਵਲੰਟੀਅਰਾਂ ਦੀ ਵੱਡੀ ਸ਼ਮੂਲੀਅਤ ਅਤੇ ਜੋਸ਼ ਸਦਕਾ ਇਹ ਰੈਲੀਆਂ ਸਾਬਤ ਹੋ ਨਿਬੜੀਆਂ । ਸਮੂਹ ਪਾਰਟੀ ਵਰਕਰਾਂ ਨੇ ਆਖਿਆ ਕਿ ਉਹ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਘਰ-ਘਰ ਤੱਕ ਲਿਜਾਣਗੇ ।

---------------------------------------------------

ਭਾਰਤੀ ਜਨਤਾ ਪਾਰਟੀ ਲੋਕ ਸਭਾ ਜਲੰਧਰ ਦੇ ਮੀਡੀਆ ਇੰਚਾਰਜ ਤਰੁਣ ਕੁਮਾਰ ਨੇ, ਸ਼ਹਿਰ ਅਤੇ ਪੇਂਡੂ ਖੇਤਰਾਂ ਦੇ ਵੋਟਰਾਂ ਨੂੰ ਅਪੀਲ ਕੀਤੀ ਏ, ਕਿ ਉਹ ਇਸ ਵਾਰ BJP ਦੇ ਹੱਕ ਵਿਚ ਵੋਟ ਪਾਉਣ ਕਿਉਂਕਿ ਇਹ ਚੋਣ ਜਲੰਧਰ ਦਾ ਭਵਿੱਖ ਤੈਅ ਕਰੇਗੀ। ਜਲੰਧਰ ਤੋਂ ਅੱਜ ਜਾਰੀ ਇਕ ਬਿਆਨ ਵਿਚ, ਉਨ੍ਹਾਂ ਕਿਹਾ ਕਿ ਸਿਰਫ਼ BJP ਹੀ ਸੁਰੱਖਿਆ ਸਹੂਲਤਾਂ ਤੇ ਸਮਰਥਨ ਦੇ ਸਕਦੀ ਏ ਅਤੇ ਪਾਰਟੀ ਇਹ ਚੋਣ ਸਬਕਾ ਸਾਥ, ਸਬਕਾ ਵਿਕਾਸ ਦੇ ਸੰਕਲਪ 'ਤੇ ਲੜ ਰਹੀ ਏ । ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਸੰਗਠਿਤ ਤੇ ਨਿਰਸਵਾਰਥ ਸਮਾਜ ਪ੍ਰਤੀ ਸਮਰਪਿਤ ਨੇ ਅਤੇ ਅਜਿਹੇ ਵਰਕਰ ਹੀ ਕਿਸੇ ਵੀ ਪਾਰਟੀ ਅਤੇ ਸੰਗਠਨ ਦੀ ਵਿਰਾਸਤ ਹੁੰਦੇ

ਨੇ। ਤਰੁਣ ਕੁਮਾਰ ਨੇ ਕਿਹਾ ਕਿ BJP ਹੀ ਵਿਸ਼ਵ ਦੀ ਇੱਕੋ ਇੱਕ ਪਾਰਟੀ ਏ ਜਿਸ ਵਿੱਚ ਵਰਕਰਾਂ ਦੇ ਇਕ ਮਜ਼ਬੂਤ ਆਧਾਰ ਨੇ ਇਸ ਨੂੰ ਬਾਕੀ ਪਾਰਟੀਆਂ ਨਾਲੋਂ ਵੱਖ ਕੀਤਾ ਏ। ਉਨ੍ਹਾਂ ਕਿਹਾ ਕਿ BJP ਦਾ ਹਮੇਸ਼ਾ ਹੀ ਇੱਕੋ ਇੱਕ ਉਦੇਸ਼ ਸੱਤਾ ਦੀ ਸੇਵਾ ਦੇ ਨਾਲ-ਨਾਲ ਸਿਸਟਮ ਨੂੰ ਬਦਲਣਾ ਰਿਹਾ ਏ ਅਤੇ ਜਲੰਧਰ ਦੀ ਬਿਹਤਰੀ ਲਈ BJP ਦਾ ਸੱਤਾ ਵਿੱਚ ਹੋਣਾ ਜ਼ਰੂਰੀ ਏ।

---------------------------------------------------------------

ਲੋਕ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਕਾਂਗਰਸ ਨੂੰ ਇਕ ਹੋਰ ਵੱਡਾ ਝਟਕਾ ਲੱਗਾ ਏ। ਕਾਂਗਰਸ ਪਾਰਟੀ ਤੋਂ ਕਈ ਦਿਨਾਂ ਤੋਂ ਨਿਰਾਸ਼ ਚਲੇ ਆ ਰਹੇ ਸਾਬਕਾ ਵਿਧਾਇਕ ਦਲਬੀਰ ਸਿੰਘ ਖੰਗੂੜਾ ਨੇ ਅੱਜ ਪਾਰਟੀ ਤੋਂ ਅਸਤੀਫ਼ਾ ਦੇ ਦਿੱਤਾ ਏ । ਉਨ੍ਹਾਂ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਆਪਣਾ ਲਿਖਤੀ ਅਸਤੀਫ਼ਾ ਭੇਜ਼ ਦਿੱਤਾ ਏ। ਇਸ ਵਿੱਚ ਉਨ੍ਹਾਂ ਲਿਖਿਆ ਏ ਕਿ ਉਹ ਕਾਂਗਰਸ ਲੀਡਰਸ਼ਿਪ ਤੋਂ ਨਿਰਾਸ਼ ਹੋ ਕੇ ਕਾਂਗਰਸ ਕਮੇਟੀ ਦੇ ਸੰਗਰੂਰ ਜ਼ਿਲ੍ਹਾ ਪ੍ਰਧਾਨ ਅਤੇ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਰਹੇ ਨੇ। ਦੱਸਿਆ ਜਾਂਦਾ ਏ ਕਿ

ਉਹ ਸੰਗਰੂਰ ਲੋਕ ਸਭਾ ਹਲਕੇ ਤੋਂ ਪਾਰਟੀ ਦੀ ਟਿਕਟ ਨਾ ਮਿਲਣ ਕਾਰਨ ਲਗਾਤਾਰ ਨਿਰਾਸ਼ ਚੱਲ ਰਹੇ ਸਨ ਅਤੇ ਬੀਤੇ ਦਿਨੀਂ ਸ਼ੋਸਲ ਮੀਡੀਆ ’ਤੇ ਉਨ੍ਹਾਂ ਇੱਕ ਪੋਸਟ ਪਾ ਕੇ ਪਾਰਟੀ ’ਚੋਂ ਬਾਹਰ ਜਾਣ ਦੇ ਵੀ ਸੰਕੇਤ ਦਿੱਤੇ ਸਨ।

---------------------------------------------------------

ਪੰਜਾਬ ਦੇ ਸਾਬਕਾ ਵਧੀਕ DGP ਗੁਰਿੰਦਰ ਸਿੰਘ ਢਿੱਲੋਂ ਅੱਜ ਕਾਂਗਰਸ ਵਿੱਚ ਸ਼ਾਮਲ ਹੋ ਗਏ ਨੇ। ਉਨ੍ਹਾਂ ਨੂੰ ਨਵੀਂ ਦਿੱਲੀ ਸਥਿਤ ਪਾਰਟੀ ਹੈੱਡ-ਕੁਆਰਟਰ ਵਿਖੇ, ਪੰਜਾਬ ਕਾਂਗਰਸ ਦੇ ਇੰਚਾਰਜ ਦੇਵੇਂਦਰ ਯਾਦਵ ਦੀ ਮੌਜੂਦਗੀ ਵਿੱਚ ਕਾਂਗਰਸ ਵਿੱਚ ਸ਼ਾਮਲ ਕੀਤਾ ਗਿਆ। ਗੁਰਿੰਦਰ ਸਿੰਘ ਢਿੱਲੋਂ ਨੇ ਕੁਝ ਦਿਨ ਪਹਿਲਾਂ ਹੀ ਆਪਣੀ ਸਰਕਾਰੀ ਨੌਕਰੀ ਤੋਂ ਸਵੈ ਇੱਛਾ ਨਾਲ ਇਸਤੀਫ਼ਾ ਦਿੱਤਾ ਸੀ। ਸਮਝਿਆ ਜਾਂਦਾ ਏ ਕਿ ਕਾਂਗਰਸ ਪਾਰਟੀ ਉਨਾਂ ਨੂੰ ਫਿਰੋਜ਼ਪੁਰ ਲੋਕਸਭਾ ਹਲਕੇ ਤੋਂ ਆਪਣਾ ਉਮੀਦਵਾਰ ਬਣਾ ਸਕਦੀ ਏ।

---------------------------------------------------------

ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਿਹਾ ਏ, ਕਿ ਪੰਜਾਬ

ਦੀਆਂ ਮੰਡੀਆਂ ਵਿੱਚ ਹੁਣ ਤੱਕ ਪਹੁੰਚੀ 100 ਲੱਖ 58 ਹਜ਼ਾਰ ਮੀਟਰਿਕ ਟਨ ਕਣਕ ਵਿੱਚੋਂ 95 ਲੱਖ 83 ਹਜ਼ਾਰ ਮੀਟਰਿਕ ਟਨ ਦੀ ਖਰੀਦ ਕੇ ਫਸਲ ਵੇਚ ਚੁੱਕੇ ਸਾਰੇ ਕਿਸਾਨਾਂ ਨੂੰ 100 ਫੀਸਦੀ ਦਾ ਭੁਗਤਾਨ ਕੀਤਾ ਜਾ ਚੁੱਕਾ ਏ। ਖਰੀਦ ਲਈ 17 ਹਜ਼ਾਰ 340 ਕਰੋੜ 40 ਲੱਖ ਰੁਪਏ ਕਿਸਾਨਾਂ ਦੇ ਖਾਤਿਆਂ ਵਿੱਚ ਅਦਾ ਕੀਤੇ ਜਾ ਚੁੱਕੇ ਨੇ । ਅੱਜ ਚੰਡੀਗੜ੍ਹ ਵਿਚ ਖਰੀਦ ਏਜੰਸੀਆਂ ਦੇ ਉਚ ਅਧਿਕਾਰੀਆਂ ਅਤੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਇਕ ਮੀਟਿੰਗ ਦੌਰਾਨ ਉਨਾਂ ਨਿਰਦੇਸ਼ ਦਿੱਤੇ ਕਿ ਕਿਸੇ ਵੀ ਕਿਸਾਨ ਨੂੰ ਆਪਣੀ ਫਸਲ ਮੰਡੀ ਵਿੱਚ ਵੇਚਣ ਲਈ ਕੋਈ ਪ੍ਰੇਸ਼ਾਨੀ ਨਾ ਆਵੇ ਅਤੇ ਖਾਸ ਕਰਕੇ ਬੇਮੌਸਮੀ ਮੀਂਹ ਨਾਲ ਪੈਦਾ ਹੋਈ ਸਥਿਤੀ ਨਾਲ ਨਿਪਟਣ ਲਈ ਢੁੱਕਵੇਂ ਤੇ ਸੁਚੱਜੇ ਪ੍ਰਬੰਧ ਕਰਨ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ । ਸੂਬੇ ਵਿਚ ਇਸ ਸਾਲ 132 ਲੱਖ ਮੀਟਰਿਕ ਟਨ ਕਣਕ ਮੰਡੀਆਂ ਵਿੱਚ ਪਹੁੰਚਣ ਦਾ ਅਨੁਮਾਨ ਏ । ਅਨੁਰਾਗ ਵਰਮਾ ਨੇ ਕਿਹਾ ਕਿ ਲਿਫਟਿੰਗ ਲਈ ਅੱਜ 27 ਵਿਸ਼ੇਸ਼ ਰੇਲ ਗੱਡੀਆਂ ਲੱਗੀਆਂ ਨੇ ਅਤੇ ਸਰਕਾਰ ਕਿਸਾਨਾਂ ਦੀ ਫਸਲ ਖਰੀਦਣ ਲਈ ਵਚਨਬੱਧ ਏ ।

---

ਲੋਕ ਸਭਾ ਚੋਣਾਂ ਵਿੱਚ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਹਾਸਲ ਕਰਨ ਦੀ ਮੁਹਿੰਮ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਇਕ ਹੋਰ ਨਿਵੇਕਲੀ ਪਹਿਲਕਦਮੀ ਕੀਤੀ ਗਈ ਏ। ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਵੱਲੋਂ BLOs ਰਾਹੀਂ ਵੋਟਰਾਂ ਨੂੰ ਘਰ-ਘਰ 'ਚੋਣ ਸੱਦਾ' ਕਾਰਡ ਭੇਜੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੋਕਤੰਤਰ ਦੇ ਸਭ ਤੋਂ ਵੱਡੇ ਤਿਉਹਾਰ ਵਿੱਚ ਵੋਟਰਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਵਾਸਤੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਵੱਲੋਂ ਵੋਟਰਾਂ ਨੂੰ 'ਚੋਣ ਸੱਦਾ' ਦਿੱਤਾ ਜਾਵੇਗਾ, ਜਿਸ ਵਿੱਚ ਵੋਟਰਾਂ ਨੂੰ ਪਹਿਲੀ ਜੂਨ ਨੂੰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕਾਰਡ ਵਿਚ ਇਕ ਕਿਊ ਆਰ ਕੋਡ ਵੀ ਦਿੱਤਾ ਗਿਆ ਏ ਜਿਸ ਨੂੰ ਸਕੈਨ ਕਰਕੇ ਵੋਟਰ ਆਪਣੇ ਪੋਲਿੰਗ ਬੂਥ ਸੰਬੰਧੀ ਜਾਣਕਾਰੀ ਹਾਸਲ ਕਰ ਸਕਦੇ ਨੇ। ਸਿਬਿਨ ਸੀ ਨੇ ਦੱਸਿਆ ਕਿ ਵੋਟਿੰਗ ਵਾਲੇ ਦਿਨ

ਹਰੇਕ ਬੂਥ ਤੇ ਵੋਟਰਾਂ ਦੀ ਸਹੂਲਤ ਲਈ ਢੁੱਕਵੇਂ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਨੇ, ਜਿਸ ਵਿੱਚ ਪੀਣ ਵਾਲਾ ਪਾਣੀ, ਵੇਟਿੰਗ ਏਰੀਆ, ਮਰਦਾਂ ਅਤੇ ਔਰਤਾਂ ਲਈ ਸਾਫ਼-ਸੁਥਰੇ ਪਖਾਨੇ ਤੇ ਸ਼ੈੱਡ  ਸ਼ਾਮਲ ਨੇ । ਉਨਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਲੋਕ ਸਭਾ ਚੋਣਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੀ ਵੋਟ ਦਾ ਸਹੀ ਇਸਤਮਾਲ ਕਰਕੇ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਆਪਣਾ ਯੋਗਦਾਨ ਦੇਣ ।

---------------------------------------------------------------

ਲੋਕ ਸਭਾ ਚੋਣਾਂ ਵਿੱਚ ਹਰ ਵੋਟਰ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਮਾਲੇਰਕੋਟਲਾ ਜ਼ਿਲ੍ਹਾ ਪ੍ਰਸ਼ਾਸਨ ਆਪਣੀ ਵੋਟਰ ਆਊਟਰੀਚ ਮੁਹਿੰਮ, ਜਨ ਜਨ ਤੱਕ ਪਹੁੰਚਾਉਣ ਲਈ ਹਰ ਸੰਭਵ ਉਪਰਾਲੇ ਕਰ ਰਿਹਾ ਏ ਤਾਂ ਜੋ ਲੋਕਾਂ ਨੂੰ ਆਪਣੀ ਵੋਟ ਦੀ ਨੈਤਿਕ ਵਰਤੋਂ ਬਾਰੇ ਜਾਗਰੂਕ ਕੀਤਾ ਜਾ ਸਕੇ । ਇਸੇ ਤਹਿਤ ਸਵੀਪ ਗਤੀਵਿਧੀਆਂ ਹੇਠ KMR ਡੀ.ਜੈਨ ਕਾਲਜ ਫਾਰ ਵਿਮਨ ਦੇ ਸਵੀਪ ਕਲਾਕਾਰਾਂ ਦੀ ਟੀਮ ਵਲੋਂ ਤਿਆਰ ਇਕ ਗੀਤ "ਵੋਟ ਦੇਣ ਚੱਲੀਏ" ਨੂੰ ਜ਼ਿਲ੍ਹਾ ਚੋਣ ਅਫ਼ਸਰ  ਡਾ. ਪੱਲਵੀ ਨੇ ਅੱਜ ਰਿਲੀਜ਼ ਕੀਤਾ । ਜ਼ਿਲੇ ਦੇ ਐਸ.ਐਸ.ਪੀ.

ਡਾ. ਸਿਮਰਤ ਕੌਰ ਸਮੇਤ ਹੋਰ ਅਧਿਕਾਰੀ ਵੀ ਇਸ ਮੌਕੇ ਤੇ ਮੌਜੂਦ ਰਹੇ।

*ਹੋਰ ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: "ਵੋਟ ਦੇਣ ਚੱਲੀਏ” ਦਾ ਹੋਕਾ ਦੇਂਦਾ ਇਹ ਗੀਤ ਕੇ.ਐਮ.ਆਰ.ਡੀ.ਜੈਨ ਕਾਲਜ ਫਾਰ ਵਿਮਨ ਦੇ ਸਵੀਪ ਨੋਡਲ ਅਫ਼ਸਰ ਡਾ. ਪਾਰੂਲ ਰਾਏਜ਼ਾਦਾ ਦੀ ਨਿਰਦੇਸ਼ਨਾ ਤਹਿਤ ਡਾ. ਅਨੂ ਗੌੜ ਵਲੋਂ ਲਿਖਿਆ ਅਤੇ ਡਾ. ਅਰਵਿੰਦਰ ਕੌਰ ਵੱਲੋਂ ਗਾਇਆ ਗਿਆ ਏ। ਮਾਲੇਰਕੋਟਲਾ ਜਿਲ੍ਹੇ ਦੀ ਭਾਈਚਾਰਕ ਸਾਂਝ ਤੇ ਸੱਭਿਆਚਾਰ ਨੂੰ ਦਰਸਾਉਂਦੇ ਇਸ ਗੀਤ ਵਿੱਚ ਲੋਕਤੰਤਰੀ ਤਿਉਹਾਰ ਵਾਲੇ ਦਿਨ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਕੀਤੇ ਜਾਂ ਵਾਲੇ ਪ੍ਰਖੱਤਾ ਪ੍ਰਬੰਧਾ ਬਾਰੇ ਵਿਸਥਾਰ ਨਾਲ ਜਾਣਕਾਰੀ ਵੀ ਮੌਜੂਦ ਏ। Hold ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਡਾ. ਪੱਲਵੀ ਅਨੂਸਾਰ ਅੱਜ ਸਮੇਂ ਦੀ ਜਰੂਰਤ ਏ ਕਿ ਲੋਕਤੰਤਰ ਦੇ ਇਸ ਤਿਉਹਾਰ 'ਚੋਣਾਂ ਦਾ ਪਰਵ - ਦੇਸ਼ ਦਾ ਗਰਵਾ ਵਿੱਚ ਪਹਿਲੀ ਜੂਨ ਨੂੰ ਹਰ ਵੋਟਰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਆਪਣਾ ਫਰਜ਼ ਪੂਰਾ ਕਰੇ। ਵੋਟ ਦੇ ਅਧਿਕਾਰ ’ਤੇ*

***ਹਰ ਭਾਰਤੀ ਨੂੰ ਮਾਣ ਹੋਣਾ ਚਾਹੀਦਾ ਏ ਕਿਉਂਕਿ ਵੋਟਰ ਹੀ ਭਵਿੱਖ ਨਿਰਮਾਤਾ ਏ ਅਤੇ ਵੋਟ ਫ਼ੀਸਦ ਵਧਾਉਣਾ ਸਾਡੀ ਸਾਰਿਆਂ ਦੀ ਇਕ ਵੱਡੀ ਜ਼ਿੰਮੇਵਾਰੀ ਏ । ਡਾ. ਪੱਲਵੀ ਨੇ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਬਿਨਾ ਕਿਸੇ ਡਰ, ਪੱਖਪਾਤ ਤੇ ਲਾਲਚ ਤੋਂ ਇਸਤੇਮਾਲ ਕਰਨ । ਉਨ੍ਹਾਂ ਆਸ ਪ੍ਰਗਟਾਈ ਕਿ ਵੋਟਰਾਂ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕਰਨ ਵਿਚ ਇਹ ਗੀਤ ਬਹੁਤ ਸਹਾਈ ਹੋਵੇਗਾ ।Holdਸਹਾਇਕ ਜ਼ਿਲ੍ਹਾ ਨੋਡਲ ਅਫ਼ਸਰ ਮੁਹੰਮਦ ਬਸ਼ੀਰ ਅਤੇ ਚੋਣਾਂ ਦੇ ਸੋਸਲ ਮੀਡੀਆ ਇੰਚਾਰਜ ਸਾਜਿਦ ਅਲੀ ਨੇ ਇਸ ਗੀਤ ਦਾ ਵੀਡੀਓ ਤਿਆਰ ਕਰਵਾਇਆ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।***

---------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਅੱਠਵੀਂ ਅਤੇ 12ਵੀਂ ਜਮਾਤ ਦੇ ਨਤੀਜਿਆਂ ਦਾ ਅੱਜ ਐਲਾਨ ਕਰ ਦਿੱਤਾ ਏ। ਅੱਠਵੀਂ ਜਮਾਤ ਵਿਚ 98.31 ਫ਼ੀਸਦ ਵਿਦਿਆਰਥੀ ਪਾਸ ਹੋਏ ਨੇ ਜਦਕਿ 12ਵੀਂ ਦਾ ਪਾਸ ਫ਼ੀਸਦ 93.04 ਫੀਸਦੀ ਏ । 12ਵੀਂ ਵਿਚ ਪਹਿਲੀਆਂ ਤਿੰਨੋਂ ਥਾਂਵਾਂ

ਤੇ ਲੜਕੇ ਰਹੇ ਨੇ । ਸੌ ਫੀਸਦੀ ਨੰਬਰਾਂ ਨਾਲ ਪਹਿਲੇ ਨੰਬਰ 'ਤੇ ਲੁਧਿਆਣਾ ਦੇ ਬੀ. ਸੀ. ਐੱਮ. ਸੀਨੀਅਰ ਸੈਕੰਡਰੀ ਸਕੂਲ ਦਾ ਏਕਮ-ਪ੍ਰੀਤ ਤੇ ਦੂਜੇ ਨੰਬਰ 'ਤੇ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੁਲਾਬੇਵਾਲਾ ਦਾ ਰਵੀ ਉਦੈ ਸਿੰਘ ਰਹੇ ਜਦਕਿ ਬਠਿੰਡਾ ਦੇ ਸੀਨੀਅਰ ਸੈਕੰਡਰੀ ਰੈਜ਼ੀ-ਡੈਂਸ਼ੀਅਲ ਫਾਰ ਮੈਰੀ-ਟੋਰੀਅਸ ਸਟੂਡੈਂਟਸ ਦਾ ਅਸ਼ਵਨੀ 99.80 ਫ਼ੀਸਦ ਨੰਬਰਾਂ ਨਾਲ ਤੀਜੇ ਨੰਬਰ 'ਤੇ ਰਿਹਾ। ਅੱਠਵੀਂ ਜਮਾਤ ਦਾ ਨਤੀਜਾ 98.31 ਫ਼ੀਸਦ ਰਿਹਾ। ਬਠਿੰਡਾ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭਾਈ ਰੂਪਾ ਦੀ ਹਰਨੂਰਪ੍ਰੀਤ ਕੌਰ ਨੇ 100 ਫ਼ੀਸਦ ਨੰਬਰ ਨਾਲ ਪਹਿਲਾ ਸਥਾਨ ਹਾਸਲ ਕੀਤਾ ਏ । ਨਿਊ ਫਲਾਵਰਜ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਿਊ ਅੰਤਰਯਾਮੀ ਕਾਲੋਨੀ ਅੰਮ੍ਰਿਤਸਰ ਦੀ ਗੁਰਲੀਨ ਕੌਰ 99.67 ਫ਼ੀਸਦ ਨਾਲ ਦੂਜੇ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਰਤੋਕੇ ਸੰਗਰੂਰ ਦਾ ਅਰਮਾਨ ਦੀਪ ਸਿੰਘ 99.50 ਫ਼ੀਸਦ ਨੰਬਰਾਂ ਨਾਲ ਤੀਜੇ ਸਥਾਨ 'ਤੇ ਰਿਹਾ । ਵਿਦਿਆਰਥੀ ਬੋਰਡ ਦੀ ਅਧਿਕਾਰਤ

ਵੈੱਬਸਾਈਟ pseb.ac.in ਜਾਂ india result.com 'ਤੇ ਜਾ ਕੇ ਭਲਕੇ ਆਪਣਾ ਨਤੀਜਾ ਦੇਖ ਸਕਦੇ ਨੇ।

---

ਆਕਾਸ਼ਵਾਣੀ ਜਲੰਧਰ ਦੇ ਮੁਖੀ ਡੀ ਡੀ ਜੀ ਸੰਜੇ ਕਾਜ਼ੀ ਅੱਜ ਆਪਣੇ ਉਹਦੇ ਤੋਂ ਸੇਵਾ ਮੁਕਤ ਹੋ ਗਏ। ਕਾਰਜਕਾਲ ਦੌਰਾਨ, ਉਨਾਂ ਵੱਖ ਵੱਖ ਉਹਦਿਆਂ ਤੇ ਅਹਿਮ ਸੇਵਾਵਾਂ ਦਿੱਤੀਆਂ। ਇਸ ਮੌਕੇ ਤੇ ਸੰਜੇ ਕਾਜ਼ੀ ਨੂੰ ਅਧਿਕਾਰਿਆਂ ਤੇ ਸਟਾਫ ਵਲੋਂ ਨਿੱਘੀ ਵਿਦਾਇਗੀ ਦਿੱਤੀ ਗਈ ਅਤੇ ਉਨਾਂ ਵਲੋਂ ਨਿਭਾਇਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ।

---

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਕੈਨੇਡਾ ਵਿੱਚ ਉਥੋਂ ਦੇ ਪ੍ਰਧਾਨ ਮੰਤਰੀ ਦੀ ਮੌਜੂਦਗੀ ਵਿਚ ਇੱਕ ਸਮਾਗਮ ਦੌਰਾਨ ਲਗਾਏ ਗਏ ਖਾਲਿਸਤਾਨ ਦੇ ਨਾਅਰਿਆਂ ਦਾ, ਭਾਰਤ ਨੇ ਸਖ਼ਤ ਵਿਰੋਧ ਕੀਤਾ ਏ।